# ਦਫ਼ਤਰ ਡਾਇਰੈਕਟਰ ਸਕੂਲ ਐਜੂਕੇਸ਼ਨ(ਸੈਕੰਡਰੀ),ਪੰਜਾਬ-ਕਮ-ਮੈਂਬਰ ਸਕੱਤਰ ਪਿਕਟਸ
## ਪੰਜਾਬ ਆਈ.ਸੀ.ਟੀ. ਐਜੂਕੇਸ਼ਨ ਸੁਸਾਇਟੀ(ਪਿਕਟਸ)

ਪੰਜਵੀਂ ਮੰਜਿਲ, ਬਲਾਕ-ਈ, ਵਿੱਦਿਆ ਭਵਨ, ਫੇਜ਼-8, ਮੋਹਾਲੀ

ਫੋਨ ਨੰ. 0172-5212319/313, E-mail: icttech@punjabeducation.gov.in


ਵੱਲ,

1. ਸਮੂਹ ਜਿਲ੍ਹਾ ਸਿੱਖਿਆ ਅਫ਼ਸਰ(ਸੈ.ਸਿੱ.), ਪੰਜਾਬ।
2. ਸੰਬੰਧਿਤ ਸਕੂਲ ਮੁਖੀ (ਵੈਬਸਾਈਟ ਰਾਹੀਂ)।

ਮੀਮੋ ਨੰ:- I/930793/2024 ਮਿਤੀ:- 18.09.24

**ਵਿਸ਼ਾ- ਸਕੂਲਾਂ ਦੀਆਂ ਕੰਪਿਊਟਰ ਲੈਬਾਂ ਵਿੱਚ M/s Spectra Computech ਕੰਪਨੀ ਵੱਲੋਂ ਸਪਲਾਈ ਕੀਤੇ ਨਵੇਂ ਕੰਪਿਊਟਰਾਂ ਅਤੇ ਯੂ.ਪੀ.ਐਸ ਖ਼ਰਾਬ ਹੋਣ ਤੇ ਸ਼ਿਕਾਇਤ ਦਰਜ ਕਰਵਾਉਣ ਸਬੰਧੀ।**

1 ਇਸ ਦਫ਼ਤਰ ਦੇ ਪੱਤਰ ਨੰ: I/2023/16773, ਮਿਤੀ: 25.04.2023 ਦਾ ਹਵਾਲਾ ਹੈ ਜੀ।

2 ਉਕਤ ਵਿਸ਼ੇ ਸਬੰਧੀ ਆਪ ਨੂੰ ਦੱਸਿਆ ਜਾਂਦਾ ਹੈ ਕਿ ਵਿਭਾਗ ਵੱਲੋਂ 382 ਸਕੂਲਾਂ ਦੀਆਂ ਕੰਪਿਊਟਰ ਲੈਬਾਂ ਵਿੱਚ M/s Spectra Computech Pvt. Ltd. ਕੰਪਨੀ ਰਾਹੀਂ ਕੰਪਿਊਟਰ (HP make) ਅਤੇ ਯੂ.ਪੀ.ਐਸ (Luminous make) ਮੁਹੱਈਆ ਕਰਵਾਏ ਗਏ ਹਨ। ਕੰਪਿਊਟਰ ਅਤੇ ਯੂ.ਪੀ.ਐਸ ਦੀ ਵਾਰੰਟੀ 5 ਸਾਲ ਹੈ। ਜਦਕਿ ਯੂ.ਪੀ.ਐਸ. ਬੈਟਰੀਜ਼ ਦੀ ਵਾਰੰਟੀ 3 ਸਾਲ ਹੈ।

3 ਇਨ੍ਹਾਂ ਆਇਟਮਾਂ ਵਿੱਚੋਂ ਕਿਸੇ ਵੀ ਤਰ੍ਹਾਂ ਦੀ ਖ਼ਰਾਬੀ ਆਉਣ ਤੇ ਕੰਪਨੀ ਦੇ ਹੇਠ ਲਿਖੇ ਨੰਬਰਾਂ ਤੇ ਤੁਰੰਤ ਸ਼ਿਕਾਇਤ ਦਰਜ ਕਰਵਾਈ ਜਾਵੇ:-

| | |
|---|---|
| **Dedicated Phone Numbers** | **0172-2971637** |
| **Mobile Number** | **7696213965** |
| **E-mail 1** | **helpdesk@spectracomputech.com**<br>**rajkumar@spectracomputech.com** |

4 ਇਸ ਤੋਂ ਇਲਾਵਾ ਸ਼ਿਕਾਇਤ ਦਰਜ ਨਾ ਹੋਣ ਜਾਂ ਸ਼ਿਕਾਇਤ 3 ਦਿਨਾਂ ਦੇ ਅੰਦਰ ਠੀਕ ਨਾ ਹੋਣ ਤੇ ਕੰਪਨੀ ਦੇ ਹੇਠ ਲਿਖੇ ਅਧਿਕਾਰੀਆਂ ਨਾਲ ਤਾਲਮੇਲ ਕੀਤਾ ਜਾਵੇ-

| | | | |
|---|---|---|---|
| **Level-1** | **Sh. Manish Kumar** | **8195997771** | **manishk@spectracomputech.com** |

5 ਕੰਪਨੀ ਵੱਲੋਂ ਸਕੂਲਾਂ ਦੀਆਂ ਕੰਪਿਊਟਰ ਲੈਬਾਂ ਵਿੱਚ ਸਪਲਾਈ ਕੀਤੇ ਕੰਪਿਊਟਰ ਅਤੇ ਯੂ.ਪੀ.ਐਸ ਲਈ ਬੀਮੇ ਦੀ ਸਹੂਲਤ ਵੀ ਉਪਲੱਬਧ ਹੈ, ਸੋ ਕੰਪਿਊਟਰ ਲੈਬ ਵਿੱਚੋਂ ਕੰਪਿਊਟਰ ਜਾਂ ਯੂ.ਪੀ.ਐਸ ਚੋਰੀ ਹੋ ਜਾਣ ਦੀ ਸੂਰਤ ਵਿੱਚ ਕੰਪਨੀ ਨੂੰ 24 ਘੰਟਿਆਂ ਦੇ ਅੰਦਰ-ਅੰਦਰ ਸੂਚਿਤ ਕੀਤਾ ਜਾਵੇ ਅਤੇ ਰਿਪਲੇਸਮੈਂਟ ਲੈਣ ਲਈ FIR ਦਰਜ ਕਰਵਾ ਕਿ ਕੰਪਨੀ ਕੋਲ ਜਮ੍ਹਾ ਕਰਵਾਈ ਜਾਵੇ। ਜੇਕਰ ਕੰਪਨੀ ਵੱਲੋਂ 4 ਹਫ਼ਤਿਆਂ ਤੱਕ ਰਿਪਲੇਸਮੈਂਟ ਨਹੀਂ ਦਿੱਤੀ ਜਾਂਦੀ ਤਾਂ ਆਪਣੇ ਜਿਲ੍ਹੇ ਦੀ ਆਈ.ਸੀ.ਟੀ. ਬ੍ਰਾਂਚ ਨੂੰ ਸੂਚਿਤ ਕਰਨਾ ਯਕੀਨੀ ਬਣਾਇਆ ਜਾਵੇ।

6 ਸ਼ਿਕਾਇਤ ਦਰਜ ਕਰਵਾਉਣ ਸਮੇਂ ਖ਼ਰਾਬ ਹੋਈ ਆਇਟਮ ਦਾ serial number ਕੋਲ ਹੋਣਾ ਜ਼ਰੂਰੀ ਹੈ। ਸੋ ਸਾਰੀਆਂ ਆਇਟਮਾਂ ਦੇ serial number ਸਟਾਕ ਰਜਿਸਟਰ ਤੇ ਦਰਜ ਕਰ ਲਏ ਜਾਣ ਤਾਂ ਜੋ ਵਾਰ-

ਵਾਰ serial number ਦੇਖਣ ਤੋਂ ਬਚਿਆ ਜਾ ਸਕੇ। **Serial Number ਤੋਂ ਬਿਨਾਂ ਸ਼ਿਕਾਇਤ ਦਰਜ ਨਹੀਂ ਹੋਵੇਗੀ।**

7 ਜੇਕਰ ਕੰਪਨੀ ਵੱਲੋਂ 3 ਦਿਨਾਂ ਦੇ ਅੰਦਰ-ਅੰਦਰ ਸ਼ਿਕਾਇਤ ਦਾ ਨਿਪਟਾਰਾ ਨਹੀਂ ਕੀਤਾ ਜਾਂਦਾ ਤਾਂ ਆਪਣੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ(ਸੈ.ਸਿੱ.) ਦੇ ਦਫ਼ਤਰ ਵਿੱਚ ਆਈ.ਸੀ.ਟੀ. ਬ੍ਰਾਂਚ ਨੂੰ ਸੂਚਿਤ ਕੀਤਾ ਜਾਵੇ।

8 ਜਿਲ੍ਹਾ ਆਈ.ਸੀ.ਟੀ. ਬ੍ਰਾਂਚ ਵਿੱਚ ਕੰਮ ਕਰਦਾ ਸਟਾਫ਼ ਹਾਰਡਵੇਅਰ ਨਾਲ ਸਬੰਧਿਤ ਸ਼ਿਕਾਇਤਾਂ ਦੀ ਰੋਜ਼ਾਨਾ ਮੋਨੀਟਰਿੰਗ ਕਰਨੀ ਯਕੀਨੀ ਬਣਾਉਣ ਅਤੇ 3 ਦਿਨਾਂ ਤੋਂ ਜਿਆਦਾ ਪੈਂਡਿੰਗ ਪਈਆਂ ਸ਼ਿਕਾਇਤਾਂ ਸਬੰਧੀ ਕੰਪਨੀ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਇਨ੍ਹਾਂ ਦਾ ਜਲਦੀ ਨਿਪਟਾਰਾ ਕਰਵਾਉਣਾ ਯਕੀਨੀ ਬਣਾਉਣ। ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਆਉਣ ਤੇ ਤੁਰੰਤ ਇਸ ਦਫ਼ਤਰ ਨਾਲ ਸੰਪਰਕ ਕੀਤਾ ਜਾਵੇ।

9 ਜੇਕਰ ਜਿਲ੍ਹਾ ਆਈ.ਸੀ.ਟੀ. ਬ੍ਰਾਂਚ ਨੂੰ ਸੂਚਿਤ ਕਰਨ ਤੇ ਵੀ ਮੁਸ਼ਕਿਲ ਦਾ ਹੱਲ ਨਹੀਂ ਹੁੰਦਾ ਤਾਂ ਇਸ ਦਫ਼ਤਰ ਨਾਲ ਫੋਨ ਨੰ: 0172-5212328 ਤੇ ਸੰਪਰਕ ਕੀਤਾ ਜਾ ਸਕਦਾ ਹੈ।

10 ਸਕੂਲ ਵੱਲੋਂ ਦਰਜ਼ ਕਰਵਾਈਆਂ ਸ਼ਿਕਾਇਤਾਂ ਦੀ ਰਿਕਾਰਡ(ਡਿਟੇਲ ਜਿਵੇਂ ਕਿ ਸ਼ਿਕਾਇਤ ਦਰਜ ਕਰਨ ਦੀ ਮਿਤੀ, ਖ਼ਰਾਬ ਹੋਏ ਪਾਰਟ ਦਾ ਨਾਮ, Complaint ID ਅਤੇ ਕੰਪਨੀ ਵੱਲੋਂ ਹਾਰਡਵੇਅਰ ਨੂੰ ਠੀਕ ਕਰਨ ਦੀ ਮਿਤੀ) ਆਦਿ ਰੱਖਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਜ਼ਰੂਰਤ ਪੈਣ ਤੇ ਡਾਟਾ ਵੇਰੀਫਾਈ ਕੀਤਾ ਜਾ ਸਕੇ।

11 ਸ਼ਿਕਾਇਤ ਦਰਜ ਕਰਵਾਉਣ ਦੇ ਉਕਤ ਤਰੀਕਿਆਂ ਨੂੰ ਪੋਸਟਰ ਦੇ ਰੂਪ ਵਿੱਚ ਕੰਪਿਊਟਰ ਲੈਬ ਜਾਂ ਦਫ਼ਤਰ ਵਿੱਚ ਰੱਖਿਆ ਜਾ ਸਕਦਾ ਹੈ ਤਾਂ ਜੋ ਭਵਿੱਖ ਵਿੱਚ ਸ਼ਿਕਾਇਤ ਦਰਜ ਕਰਵਾਉਣ ਸਬੰਧੀ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

12 ਸਮੂਹ ਸਕੂਲ ਮੁਖੀ ਹਾਰਡਵੇਅਰ ਦਾ ਚਾਲੂ ਹਾਲਤ ਵਿੱਚ ਹੋਣਾ ਅਤੇ ਇਨ੍ਹਾਂ ਦੀ ਵਰਤੋਂ ਵਿਦਿਆਰਥੀਆਂ ਦੀ ਕੰਪਿਊਟਰ ਸਿੱਖਿਆ ਲਈ ਵਰਤੇ ਜਾਣ ਨੂੰ ਯਕੀਨੀ ਬਣਾਉਣਗੇ।

**ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ**
**ਪੰਜਾਬ ਆਈ.ਸੀ.ਟੀ. ਐਜੂਕੇਸ਼ਨ ਸੁਸਾਇਟੀ**
**ਪੰਜਾਬ**

ਪਿੰ:ਅੰ:ਨੰ:-ਉਕਤ ਮਿਤੀ:18.09.24

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਅਗਲੇਰੀ ਕਾਰਵਾਈ ਹਿੱਤ:-

1 ਸਮੂਹ ਆਈ.ਸੀ.ਟੀ. ਪ੍ਰੋਜੈਕਟ ਕੁਆਰਡੀਨੇਟਰ ਨੂੰ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਸਮੇਂ-ਸਮੇਂ ਤੇ ਆਪਣੇ ਅਧੀਨ ਆਉਂਦੇ ਜਿਲ੍ਹਿਆਂ ਵਿੱਚ ਹਾਰਡਵੇਅਰ ਦੀਆਂ ਸ਼ਿਕਾਇਤਾਂ ਦੀ ਮੋਨੀਟਰਿੰਗ ਕਰਨਗੇ।

2 M/s Spectra Computech Pvt. Ltd.

**ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ**
**ਪੰਜਾਬ ਆਈ.ਸੀ.ਟੀ. ਐਜੂਕੇਸ਼ਨ ਸੁਸਾਇਟੀ**
**ਪੰਜਾਬ**